**ਭਰੀਐ ਹਥੁ ਪੈਰੁ ਤਨੁ ਦੇਹ ॥ ਪਾਣੀ ਧੋਤੈ ਉਤਰਸੁ ਖੇਹ ॥**

ਪਦਅਰਥ:- ਭਰੀਐ-ਜੇ ਭਰ ਜਾਏ, ਜੇ ਗੰਦਾ ਹੋ ਜਾਏ, ਜੇ ਮੈਲਾ ਹੋ ਜਾਏ। ਤਨੁ-ਸਰੀਰ। ਦੇਹ-ਸਰੀਰ। ਪਾਣੀ ਧੋਤੈ-ਪਾਣੀ ਨਾਲ ਧੋਤਿਆਂ। ਉਤਰਸੁ-ਉਤਰ ਜਾਂਦੀ ਹੈ। ਖੇਹ-ਮਿੱਟੀ, ਧੂੜ, ਮੈਲ।

ਅਰਥ:- ਜੇ ਹੱਥ ਜਾਂ ਪੈਰ ਜਾਂ ਸਰੀਰ ਲਿੱਬੜ ਜਾਏ, ਤਾਂ ਪਾਣੀ ਨਾਲ ਧੋਤਿਆਂ ਉਹ ਮੈਲ ਉਤਰ ਜਾਂਦੀ ਹੈ।

**ਮੂਤ ਪਲੀਤੀ ਕਪੜੁ ਹੋਇ ॥ ਦੇ ਸਾਬੂਣੁ ਲਈਐ ਓਹੁ ਧੋਇ ॥**

ਪਦਅਰਥ:- ਪਲੀਤੀ-ਪਲੀਤ, ਗੰਦਾ। ਮੂਤ ਪਲੀਤੀ-ਮੂਤਰ ਨਾਲ ਪਲੀਤ। ਕਪੜੁ-ਕੱਪੜਾ। ਦੇ ਸਾਬੂਣੁ-ਸਾਬਣ ਲਾ ਕੇ। ਲਈਐ-ਲਈਦਾ ਹੈ। ਓਹੁ-ਉਹ ਪਲੀਤ ਹੋਇਆ ਕੱਪੜਾ। ਲਈਐ ਧੋਇ-ਧੋ ਲਈਦਾ ਹੈ।

ਅਰਥ:- ਜੇ (ਕੋਈ) ਕੱਪੜਾ ਮੂਤਰ ਨਾਲ ਗੰਦਾ ਹੋ ਜਾਏ, ਤਾਂ ਸਾਬੁਣ ਲਾ ਕੇ ਉਸ ਨੂੰ ਧੋ ਲਈਦਾ ਹੈ।

**ਭਰੀਐ ਮਤਿ ਪਾਪਾ ਕੈ ਸੰਗਿ ॥ ਓਹੁ ਧੋਪੈ ਨਾਵੈ ਕੈ ਰੰਗਿ ॥**

ਪਦਅਰਥ:- ਭਰੀਐ-ਜੇ ਭਰ ਜਾਏ, ਜੇ ਮਲੀਨ ਹੋ ਜਾਏ। ਮਤਿ-ਬੁੱਧ। ਪਾਪਾ ਕੈ ਸੰਗਿ-ਪਾਪਾਂ ਦੇ ਨਾਲ। ਓਹੁ-ਉਹ ਪਾਪ। ਧੋਪੈ-ਧੁਪਦਾ ਹੈ, ਧੁਪ ਸਕਦਾ ਹੈ, ਧੋਇਆ ਜਾ ਸਕਦਾ ਹੈ। ਰੰਗਿ-ਪਿਆਰ ਨਾਲ। ਨਾਵੈ ਕੈ ਰੰਗਿ-ਅਕਾਲ ਪੁਰਖ ਦੇ ਨਾਮ ਦੇ ਪ੍ਰੇਮ ਨਾਲ।

ਅਰਥ:- (ਪਰ) ਜੇ (ਮਨੁੱਖ ਦੀ) ਬੁੱਧੀ ਪਾਪਾਂ ਨਾਲ ਮਲੀਨ ਹੋ ਜਾਏ, ਤਾਂ ਉਹ ਪਾਪ ਅਕਾਲ ਪੁਰਖ ਦੇ ਨਾਮ ਵਿਚ ਪਿਆਰ ਕਰਨ ਨਾਲ ਹੀ ਧੋਇਆ ਜਾ ਸਕਦਾ ਹੈ।

**ਪੁੰਨੀ ਪਾਪੀ ਆਖਣੁ ਨਾਹਿ ॥ ਕਰਿ ਕਰਿ ਕਰਣਾ ਲਿਖਿ ਲੈ ਜਾਹੁ ॥ ਆਪੇ ਬੀਜਿ ਆਪੇ ਹੀ ਖਾਹੁ ॥ ਨਾਨਕ ਹੁਕਮੀ ਆਵਹੁ ਜਾਹੁ ॥੨੦॥**

ਪਦਅਰਥ:- ਆਖਣੁ-ਨਾਮੁ, ਬਚਨ। ਨਾਹਿ-ਨਹੀਂ ਹੈ। ਕਰਿ ਕਰਿ ਕਰਣਾ-(ਆਪੋ ਆਪਣੇ) ਕਰਮ ਕਰ ਕੇ, ਜਿਹੋ ਜਿਹੇ ਕਰਮ ਕਰੋਗੇ। ਲਿਖਿ-ਲਿਖ ਕੇ,(ਤਿਹੋ ਜਿਹਾ ਲੇਖਾ) ਲਿਖ ਕੇ, (ਤਿਹੋ ਜਿਹੇ ਸੰਸਕਾਰਾਂ ਦਾ ਲੇਖਾ) ਲਿਖ ਕੇ, (ਤਿਹੋ ਜਿਹੇ ਸੰਸਕਾਰ ਅਪਣੇ ਮਨ ਵਿਚ) ਉੱਕਰ ਕੇ। ਲੈ ਜਾਹੁ-ਤੂੰ ਲੈ ਜਾਹਿੰਗਾ, (ਆਪਣੇ ਨਾਲ) ਲੈ ਜਾਹਿੰਗਾ, (ਆਪਣੇ ਮਨ ਵਿਚ) ਪ੍ਰੋ ਲਵੇਂਗਾ। ਆਪੇ-ਆਪ ਹੀ। ਬੀਜਿ-ਬੀਜ ਕੇ। ਹੁਕਮੀ-ਅਕਾਲ ਪੁਰਖ ਦੇ ਹੁਕਮ ਵਿਚ। ਆਵਹੁ ਜਾਹੁ-ਆਵਹਿੰਗਾ ਤੇ ਜਾਹਿੰਗਾ, ਜੰਮੇਂਗਾ ਤੇ ਮਰਹਿੰਗਾ, ਜਨਮ ਮਰਨ ਵਿਚ ਪਿਆ ਰਹੇਂਗਾ।

ਅਰਥ:- ਹੇ ਨਾਨਕ! 'ਪੰਨੀ' ਜਾਂ 'ਪਾਪ' ਨਿਰਾ ਨਾਮ ਹੀ ਨਹੀਂ ਹੈ (ਭਾਵ, ਨਿਰਾ ਕਹਿਣ-ਮਾਤਰ ਨਹੀਂ ਹੈ, ਸੱਚ-ਮੁੱਚ ਹੀ) ਤੂੰ ਜਿਹੋ ਜਿਹੇ ਕਰਮ ਕਰੇਂਗਾ ਤਿਹੋ ਜਿਹੇ ਸੰਸਕਾਰ ਆਪਣੇ ਅੰਦਰ ਉੱਕਰ ਕੇ ਨਾਲ ਲੈ ਜਾਹਿੰਗਾ। ਜੋ ਕੁਝ ਤੂੰ ਬੀਜੇਂਗਾ, ਉਸ ਦਾ ਫਲ ਆਪ ਹੀ ਖਾਹਿੰਗਾ। (ਆਪਣੇ ਬੀਜੇ ਅਨੁਸਾਰ) ਅਕਾਲ ਪੁਰਖ ਦੇ ਹੁਕਮ ਵਿਚ ਜਨਮ ਮਰਨ ਦੇ ਗੇੜ ਵਿਚ ਪਿਆ ਰਹੇਂਗਾ। 20।

ਨੋਟ- ਸਾਰੀ ਸ੍ਰਿਸ਼ਟੀ ਅਕਾਲ ਪੁਰਖ ਦੇ ਖ਼ਾਸ ਨੀਯਮਾਂ ਵਿਚ ਚੱਲ ਰਹੀ ਹੈ। ਇਹਨਾਂ ਨੀਯਮਾਂ ਦਾ ਨਾਮ ਸਤਿਗੁਰੂ ਜੀ ਨੇ 'ਹੁਕਮ' ਰੱਖਿਆ ਹੈ। ਉਹ ਨੀਯਮ ਇਹ ਹਨ ਕਿ ਮਨੁੱਖ ਜਿਹੋ ਜਿਹਾ ਕਰਮ ਕਰਦਾ ਹੈ, ਤਿਹੋ ਜਿਹਾ ਫਲ ਪਾਂਦਾ ਹੈ। ਉਸ ਦੇ ਆਪਣੇ ਧੁਰ ਅੰਦਰ ਉਹੋ ਜਿਹੇ ਹੀ ਚੰਗੇ-ਮੰਦੇ ਸੰਸਕਾਰ ਬਣ ਜਾਂਦੇ ਹਨ ਅਤੇ ਉਹਨਾਂ ਦੇ ਅਨੁਸਾਰ ਹੀ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ, ਜਾਂ, ਅਕਾਲ ਪੁਰਖ ਦੀ ਰਜ਼ਾ ਵਿਚ ਤੁਰ ਕੇ ਆਪਣਾ ਜਨਮ ਸਫਲ ਕਰ ਲੈਂਦਾ ਹੈ।

ਭਾਵ:- ਮਾਇਆ ਦੇ ਪਰਭਾਵ ਦੇ ਕਾਰਨ ਮਨੁੱਖ ਵਿਕਾਰਾਂ ਵਿਚ ਪੈ ਜਾਂਦਾ ਹੈ, ਤੇ ਇਸ ਦੀ ਮਤ ਮੈਲੀ ਹੋ ਜਾਂਦੀ ਹੈ। ਇਹ ਮੈਲ ਇਸ ਨੂੰ ਸੁੱਧ-ਸਰੂਪ ਪਰਮਾਤਮਾ ਤੋਂ ਵਿਛੋੜ ਰੱਖਦੀ ਹੈ, ਤੇ ਜੀਵ ਦੁਖੀ ਰਹਿੰਦਾ ਹੈ। ਨਾਮ-ਸਿਮਰਨ ਹੀ

ਇਕੋ-ਇਕ ਵਸੀਲਾ ਹੈ ਜਿਸ ਨਾਲ ਮਨ ਦੀ ਇਹ ਮੈਲ ਧੁਪ ਸਕਦੀ ਹੈ। (ਸੋ, ਸਿਮਰਨ ਤਾਂ ਵਿਕਾਰਾਂ ਦੀ ਮੈਲ ਧੋ ਕੇ ਮਨ ਨੂੰ ਪ੍ਰਭੂ ਨਾਲ ਮੇਲਣ ਵਾਸਤੇ ਹੈ, ਪ੍ਰਭ ਤੇ ਉਸ ਦੀ ਰਚਨਾ ਦਾ ਅੰਤ ਪਾਣ ਲਈ ਜੀਵ ਨੂੰ ਸਮਰਥ ਨਹੀਂ ਬਣਾ ਸਕਦਾ)। 20।